19-OCT-SNG-Pages.qxd 10/19/2025 10:46 PM Page 2

ਕਬੱਡੀ ਟੂਰਨਾਮੈਂਟ ਦੌਰਾਨ ਟੀਮਾਂ ਨਾਲ ਜਾਣ ਪਛਾਣ ਕਰਦੇ ਹੋਏ ਐਸ.ਪੀ. ਰਜੇਸ਼ ਛਿੱਬਰ ਅਤੇ ਸੱਜੇ ਇਨਾਮਾਂ ਦੀ ਵੰਡ ਕਰਦੇ ਹੋਏ ਮਨਜੀਤ ਸਿੰਘ ਬਾਲੀਆਂ। ਤਸਵੀਰ : ਦਮਦਮੀ

ਦੋ ਰੋਜ਼ਾ ਕਬੱਡੀ ਟੂਰਨਾਮੈਂਟ ਸ਼ਾਨੋ ਸ਼ੌਕਤ ਨਾਲ ਸੰਪੰਨ

ਚੰਡੀਗੜ੍ਹ ਕਾਲਜ ਲਾਂਡਰਾਂ ਨੇ ਪਹਿਲਾ ਅਤੇ ਫਾਰਮੇਸੀ ਕਾਲਜ ਮਸਤੂਆਣਾ ਸਾਹਿਬ ਨੇ ਦੂਸਰਾ ਸਥਾਨ ਕੀਤਾ ਹਾਸਲ

ਮਸਤੂਆਣਾ ਸਾਹਿਬ, 19 ਅਕਤੂਬਰ (ਦਮਦਮੀ) - ਅਕਾਲ ਕਾਲਜ ਆਫ਼ ਫਾਰਮੇਸੀ ਐਂਡ ਟੈਕਨੀਕਲ ਐਜੂਕੇਸ਼ਨ ਮਸਤੂਆਣਾ ਸਾਹਿਬ ਵਲੋਂ ਇੰਦਰ ਕੁਮਾਰ ਗੁਜਰਾਲ ਪੰਜਾਬ ਟੈਕਨੀਕਲ ਯੂਨੀਵਰਸਿਟੀ ਦਾ ਇੰਟਰ ਕਾਲਜ ਦੋ ਰੋਜ਼ਾ ਕਬੱਡੀ ਟੂਰਨਾਮੈਂਟ ਬੜੇ ਉਤਸ਼ਾਹ ਨਾਲ ਕਰਵਾਇਆ ਗਿਆ। ਇਸ ਕਬੱਡੀ ਟੂਰਨਾਮੈਂਟ ਵਿਚ ਤਕਰੀਬਨ 12 ਕਾਲਜਾਂ ਦੀਆਂ ਟੀਮਾਂ ਨੇ ਭਾਗ ਲਿਆ। ਇਸ ਟੂਰਨਾਮੈਂਟ ਦਾ ਉਦਘਾਟਨ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ ਚਰਨਜੋਤ ਸਿੰਘ ਬਾਲੀਆਂ ਐਸ.ਡੀ.ਐਮ. ਸੰਗਰੂਰ ਨੇ ਕੀਤਾ ਜਦੋਂ ਕਿ ਵਿਸ਼ੇਸ਼ ਮਹਿਮਾਨ ਵਜੋਂ ਐੱਸ.ਪੀ. ਹੈੱਡ ਕੁਆਰਟਰ ਸ੍ਰੀ ਰਜੇਸ਼ ਛਿੱਬਰ, ਇੰਜੀਨੀਅਰ ਸੁਖਵੰਤ ਸਿੰਘ ਧੀਮਾਨ ਸੀਨੀਅਰ ਐਕਸੀਅਨ ਪੀ.ਸੀ.ਪੀ.ਸੀ.ਐਲ. ਅਤੇ ਇੰਜੀਨੀਅਰ ਜਸਵੰਤ ਸਿੰਘ ਖਹਿਰਾ ਸ਼ਾਮਿਲ ਹੋਏ। ਪੀਟੀਯੂ ਵਲੋਂ ਆਬਜ਼ਰਵਰ ਡਾਕਟਰ ਹਰਜਿੰਦਰ ਸਿੰਘ ਅਤੇ ਸਪੋਰਟਸ ਡਾਇਰੈਕਟਰ ਡਾਕਟਰ ਜਤਿੰਦਰ ਦੇਵ ਦੀ ਨਿਗਰਾਨੀ ਹੇਠ ਕਰਵਾਏ ਗਏ ਕਬੱਡੀ ਟੂਰਨਾਮੈਂਟ ਦੌਰਾਨ ਹੋਏ ਸਖ਼ਤ ਮੁਕਾਬਲਿਆਂ ਵਿੱਚ ਚੰਡੀਗੜ੍ਹ ਗਰੁੱਪ ਆਫ਼ ਕਾਲਜ ਲਾਂਡਰਾਂ ਵਲੋਂ ਪਹਿਲਾ ਸਥਾਨ ਹਾਸਲ ਕੀਤਾ। ਜਦੋਂ ਕਿ ਅਕਾਲ ਕਾਲਜ ਆਫ਼ ਫਾਰਮੇਸੀ ਮਸਤੂਆਣਾ ਸਾਹਿਬ ਦੀ ਟੀਮ ਨੇ ਦੂਸਰਾ ਸਥਾਨ ਹਾਸਲ ਕੀਤਾ ਅਤੇ ਮਲੋਟ ਇੰਸਟੀਚਿਊਟ ਆਫ਼ ਮੈਨੇਜਮੈਂਟ ਐਂਡ ਟੈਕਨੌਲੋਜੀ ਮਲੋਟ ਦੀ ਟੀਮ ਨੇ ਤੀਸਰਾ ਸਥਾਨ ਹਾਸਲ ਕੀਤਾ। ਇਨ੍ਹਾਂ ਜੇਤੂ ਟੀਮਾਂ ਨੂੰ ਇਨਾਮ ਦੀ ਵੰਡ ਸਾਈ ਸੈਂਟਰ ਦੇ ਸਾਬਕਾ ਸਹਾਇਕ ਨਿਰਦੇਸ਼ਕ ਮਨਜੀਤ ਸਿੰਘ ਬਾਲੀਆਂ ਨੇ ਕੀਤੀ। ਇਸ ਮੌਕੇ ਡਾਕਟਰ ਗੀਤਾ ਠਾਕਰ, ਡਾਕਟਰ ਅਮਨਦੀਪ ਕੌਰ ਬਾਠ, ਪ੍ਰੋ. ਸੋਹਨਦੀਪ ਸਿੰਘ, ਪ੍ਰੋ. ਸੁਖਵਿੰਦਰ ਸਿੰਘ ਮਾਨ, ਪ੍ਰੋ ਸੁਖਜੀਤ ਸਿੰਘ ਘੁਮਾਣ, ਡਾਕਟਰ ਅਮਨਿੰਦਰ ਕੌਰ, ਕੋਚ ਅਮਰੀਕ ਸਿੰਘ ਤੂਫ਼ਾਨ ਅਤੇ ਰੂਪ ਸਿੰਘ ਸੋਰੋ ਸਮੇਤ ਵੱਡੀ ਗਿਣਤੀ ਵਿਚ ਕੌਂਸਲ ਦੇ ਸੀਨੀਅਰ ਮੈਂਬਰ ਅਤੇ ਸਟਾਫ਼ ਮੈਂਬਰ ਮੌਜੂਦ ਸਨ।

ਡੀ.ਏ.ਵੀ. ਪਬਲਿਕ ਸਕੂਲ 'ਚ ਦੀਵਾਲੀ ਧੂਮ-ਧਾਮ ਨਾਲ ਮਨਾਈ

ਮੂਨਕ, 19 ਅਕਤੂਬਰ (ਪ੍ਰਵੀਨ ਮਦਾਨ, ਵਰਿੰਦਰ ਭਾਰਦਵਾਜ) - ਬਾਬੂ ਬ੍ਰਿਸ਼ ਭਾਨ ਡੀ.ਏ.ਵੀ. ਪਬਲਿਕ ਸਕੂਲ, ਮੂਨਕ ਵਿਖੇ ਪ੍ਰਿੰਸੀਪਲ ਸ਼੍ਰੀ ਸੰਜੀਵ ਸ਼ਰਮਾ ਦੀ ਅਗਵਾਈ ਹੇਠ ਦੀਵਾਲੀ ਧੂਮ-ਧਾਮ ਨਾਲ ਮਨਾਈ ਗਈ। ਜਿਸ ਦਾ ਉਦੇਸ਼ ਬੱਚਿਆਂ ਵਿਚ ਤਿਉਹਾਰਾਂ ਨੂੰ ਆਪਸੀ ਪਿਆਰ ਦੇ ਨਾਲ ਮਨਾਉਣ ਦੀ ਭਾਵਨਾ ਪੈਦਾ ਕਰਨਾ ਹੈ। ਸਵੇਰ ਦੀ ਸਭਾ ਵਿਚ ਵਿਦਿਆਰਥੀਆਂ ਨੇ ਧੰਨਤੇਰਸ, ਦੀਵਾਲੀ ਦੇ ਤਿਉਹਾਰ ਬਾਰੇ ਅਤੇ ਸ੍ਰੀ ਰਾਮ ਚੰਦਰ ਜੀ, ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ, ਸਵਾਮੀ ਦਇਆਨੰਦ ਅਤੇ ਭਗਵਾਨ ਮਹਾਂਵੀਰ ਸਵਾਮੀ ਆਦਿ ਮਹਾਂਪੁਰਸ਼ਾਂ ਦੇ ਜੀਵਨ ਉੱਤੇ ਵੀ ਚਾਨਣਾ ਪਾਇਆ। ਵਿਦਿਆਰਥੀਆਂ ਵਲੋਂ ਦੀਵਾ ਸਜਾਵਟ ਅਤੇ ਪੱਟ ਡੈਕੋਰੇਸ਼ਨ ਇੰਟਰ ਹਾਊਸ ਪ੍ਰਤੀਯੋਗਤਾ ਕਰਵਾਈ ਗਈ ਜਿਸ ਵਿਚ ਤੀਜੀ ਜਮਾਤ ਤੋਂ ਲੈ ਕੇ ਛੇਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਦੀਵਾ ਸਜਾਵਟ ਪ੍ਰਤੀਯੋਗਤਾ ਅਤੇ ਸੱਤਵੀਂ ਜਮਾਤ ਦੇ ਵਿਦਿਆਰਥੀਆਂ ਨੇ ਪੱਟ ਡੈਕੋਰੇਸ਼ਨ ਇੰਟਰ ਹਾਊਸ ਪ੍ਰਤੀਯੋਗਤਾ ਵਿਚ ਬੜੇ ਉਤਸ਼ਾਹ ਨਾਲ ਭਾਗ ਲਿਆ। ਇਸ ਤੋਂ ਇਲਾਵਾ ਨੌਵੀਂ ਜਮਾਤ ਤੋਂ ਲੈ ਕੇ ਬਾਰ੍ਹਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਵਿਚ ਇੰਟਰ - ਹਾਊਸ ਰੰਗੋਲੀ ਪ੍ਰਤੀਯੋਗਤਾ ਕਰਵਾਈ ਗਈ। ਜਿਸ ਵਿਚ ਵਿਦਿਆਰਥੀਆਂ ਨੇ ਬੜੇ ਹੀ ਉਤਸ਼ਾਹ , ਮਿਹਨਤ ਅਤੇ ਲਗਨ ਦੇ ਨਾਲ ਖ਼ੂਬਸੂਰਤ ਰੰਗੋਲੀਆਂ ਬਣਾਈਆਂ। ਸਕੂਲ ਦੇ ਪ੍ਰਿੰਸੀਪਲ ਸਾਹਿਬ ਵਲੋਂ ਵਿਦਿਆਰਥੀਆਂ ਦੁਆਰਾ ਸਜਾਏ ਗਏ ਦੀਵਾ, ਪੱਟ ਅਤੇ ਵਿਦਿਆਰਥੀਆਂ ਦੁਆਰਾ ਬਣਾਈਆਂ ਗਈਆਂ ਰੰਗੋਲੀਆਂ ਦੀ ਪ੍ਰਸ਼ੰਸਾ ਕਰ ਕੇ ਉਨ੍ਹਾਂ ਦਾ ਉਤਸ਼ਾਹ ਵਧਾਇਆ ਅਤੇ ਰਲ-ਮਿਲ ਕੇ ਪਿਆਰ ਨਾਲ ਅਤੇ ਪਟਾਕਿਆਂ ਰਹਿਤ ਈਕੋ ਫਰੈਂਡਲੀ ਦੀਵਾਲੀ ਮਨਾਉਣ ਲਈ ਪ੍ਰੇਰਿਤ ਕੀਤਾ ਗਿਆ। ਪ੍ਰਿੰਸੀਪਲ ਸਾਹਿਬ ਨੇ ਸਾਰਿਆਂ ਨੂੰ ਦੀਵਾਲੀ ਦੀਆਂ ਸ਼ੁੱਭ ਕਾਮਨਾਵਾਂ ਦਿੱਤੀਆਂ।

ਡੀ.ਏ.ਵੀ. ਸਕੂਲ ਮੂਨਕ ਵਿਚ ਬਣਾਈ ਗਈ ਰੰਗੋਲੀ ਦੇਖਦੇ ਹੋਏ ਸਟਾਫ਼ ਮੈਂਬਰ। ਤਸਵੀਰ: ਪ੍ਰਵੀਨ ਮਦਾਨ

ਪਿੰਡ ਲਹਿਲ ਕਲ ਵਿਖੇ ਰੱਖੀ ਮੀਟਿੰਗ ਵਿਚ ਸ਼ਾਮਿਲ ਕਿਸਾਨ ਬੀਬੀਆਂ ਦੀ ਬਣਾਈ ਗਈ ਕਮੇਟੀ। ਤਸਵੀਰ: ਅਸ਼ੋਕ ਗਰਗ

ਕਿਸਾਨ ਬੀਬੀਆਂ ਦੀ ਬਣਾਈ 15 ਮੈਂਬਰੀ ਕਮੇਟੀ

ਲਹਿਰਾਗਾਗਾ, 19 ਅਕਤੂਬਰ (ਅਸ਼ੋਕ ਗਰਗ) - ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਲਹਿਰਾਗਾਗਾ ਵਲੋਂ ਪਿੰਡ ਲਹਿਲ ਕਲਾਂ ਵਿਖੇ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੀ ਇਕਾਈ ਦੀ ਮੀਟਿੰਗ ਕਰਵਾਈ ਗਈ, ਇਸ ਮੀਟਿੰਗ ਵਿਚ ਪਿੰਡ ਦੇ ਆਮ ਲੋਕਾਂ ਨੇ ਸ਼ਮੂਲੀਅਤ ਕੀਤੀ ਅਤੇ ਵੱਡੇ ਗਿਣਤੀ ਵਿਚ ਕਿਸਾਨ ਬੀਬੀਆਂ ਸ਼ਾਮਿਲ ਹੋਈਆਂ, ਮੀਟਿੰਗ ਵਿਚ ਹੜ ਪੀੜਤਾਂ ਵਾਸਤੇ ਪਿੰਡ ਵਿਚੋਂ ਇਕੱਠੇ ਕਰੇ ਗਏ ਸੂਟ, ਬਿਸਤਰੇ ਅਤੇ ਨਗਦ ਰਾਸ਼ੀ ਦਾ ਹਿਸਾਬ ਇਕਾਈ ਲਹਿਲ ਕਲਾਂ ਵਲੋਂ ਸਮੂਹ ਪਿੰਡ ਨੂੰ ਦਿੱਤਾ ਗਿਆ, ਮੀਟਿੰਗ ਵਿਚ ਪਿੰਡ ਦੇ ਲੋਕਾਂ ਦੇ ਸਾਥ ਨਾਲ ਕਿਸਾਨ ਬੀਬੀਆਂ ਦੀ ਨਵੀਂ ਇਕਾਈ ਦੀ ਚੋਣ ਕੀਤੀ ਗਈ, ਜਿਸ ਵਿਚ 15 ਕਿਸਾਨ ਬੀਬੀਆਂ ਨੂੰ ਮੈਂਬਰ ਬਣਾਇਆ ਗਿਆ। ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਲਹਿਰਾਗਾਗਾ ਦੇ ਕਾਰਜਕਾਰੀ ਪ੍ਰਧਾਨ ਗੁਰਪ੍ਰੀਤ ਸਿੰਘ ਸੰਗਤਪੁਰਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਹੈ ਕਿ ਉਗਰਾਹਾਂ ਜਥੇਬੰਦੀ ਵਲੋਂ ਹਮੇਸ਼ਾ ਹੀ ਕਿਸਾਨ ਬੀਬੀਆਂ ਨੂੰ ਬਹੁਤ ਮਾਣ ਸਤਿਕਾਰ ਦਿੱਤਾ ਜਾਂਦਾ ਹੈ, ਕਿਉਂਕਿ ਕਿਸਾਨੀ ਦੇ ਦਿੱਲੀ ਘੋਲ ਵਿਚ ਔਰਤਾਂ ਦਾ ਬਹੁਤ ਵੱਡਾ ਯੋਗਦਾਨ ਰਿਹਾ ਹੈ। ਪਿਛਲੇ ਸਮੇਂ ਤੋਂ ਪਿੰਡ ਵਿੱਚ ਕਿਸਾਨ ਬੀਬੀਆਂ ਦੀ ਇਕਾਈ ਵਿੱਚ ਕੰਮ ਕਰਦੀਆਂ ਕਿਸਾਨ ਬੀਬੀਆਂ ਕਿਸੇ ਹੋਰ ਜਥੇਬੰਦੀ ਵਿੱਚ ਚਲੀਆਂ ਗਈਆਂ ਸਨ, ਅੱਜ ਪਿੰਡ ਦੇ ਸਹਿਯੋਗ ਸਦਕਾ ਦੁਬਾਰਾ ਪਿੰਡ ਵਿਚ ਕਿਸਾਨ ਬੀਬੀਆਂ ਦੀ 15 ਮੈਂਬਰੀ ਕਮੇਟੀ ਗਠਿਤ ਕੀਤੀ ਗਈ, ਕਿਸਾਨ ਬੀਬੀਆਂ ਵਲੋਂ ਆਗੂਆਂ ਨੂੰ ਭਰੋਸਾ ਦਵਾਇਆ ਗਿਆ ਕਿ ਹਰ ਪ੍ਰੋਗਰਾਮ ਵਿਚ ਇਹ ਕਿਸਾਨ ਬੀਬੀਆਂ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਸਾਥ ਦੇਣਗੀਆਂ।

ਨਿਰਮਲ ਆਸ਼ਰਮ ਵਲੋਂ ਘਿਓ ਦੇ ਦੀਵੇ ਜਗਾਉਣ ਅਤੇ ਬੂਟੇ ਲਗਾ ਕੇ ਗਰੀਨ ਦੀਵਾਲੀ ਮਨਾਉਣ ਦਾ ਸੱਦਾ

ਨੌਜਵਾਨੀ ਵਾਤਾਵਰਨ ਦੀ ਸ਼ੁੱਧਤਾ ਲਈ ਪਟਾਖਿਆਂ ਦੀ ਥਾਂ ਲੋੜਵੰਦਾ ਦੀ ਮਦਦ ਕਰ ਖ਼ੁਸ਼ੀ ਮਨਾਏ - ਨਿਰਮਲੇ

ਅਹਿਮਦਗੜ੍ਹ, 19 ਅਕਤੂਬਰ (ਰਣਧੀਰ ਸਿੰਘ ਮਹੋਲੀ) - ਸਮਾਜ ਸੇਵੀ ਮਨੁੱਖਤਾ ਦੀ ਸੇਵਾ ਨੂੰ ਸਮਰਪਿਤ ਵਾਤਾਵਰਨ ਦੀ ਸ਼ੁੱਧਤਾ ਪ੍ਰਤੀ ਲੋਕਾਂ ਨੂੰ ਜਾਗਰੂਕ ਕਰ ਰਹੀ ਸੰਸਥਾ ਗੁਰਮਤਿ ਸੇਵਾ ਸੋਸਾਇਟੀ ਨਿਰਮਲ ਆਸ਼ਰਮ ਜੰਡਾਲੀ ਖ਼ੁਰਦ ਵਲੋਂ ਪਟਾਕੇ ਚਲਾਉਣ ਦੇ ਵਧ ਰਹੇ ਰੁਝਾਨ ਕਾਰਨ ਪ੍ਰਦੂਸ਼ਿਤ ਅਤੇ ਪਲੀਤ ਹੋ ਰਹੇ ਵਾਤਾਵਰਨ 'ਤੇ ਚਿੰਤਾ ਪ੍ਰਗਟ ਕਰਦਿਆਂ ਸੰਗਤ ਨੂੰ ਦਿਵਾਲੀ ਸਮੇਤ ਸਾਰੇ ਤਿਉਹਾਰ ਪ੍ਰਦੂਸ਼ਣ ਰਹਿਤ ਮਨਾਉਣ ਦਾ ਸੱਦਾ ਦਿੱਤਾ। ਸੋਸਾਇਟੀ ਦੇ ਮੁਖੀ ਗਿਆਨੀ ਗਗਨਦੀਪ ਸਿੰਘ ਨਿਰਮਲੇ ਨੇ ਜਾਗਰੂਕ ਕਰਦਿਆਂ ਕਿਹਾ ਕਿ ਹਰ ਖ਼ੁਸ਼ੀ ਨੂੰ ਪਟਾਕੇ ਚਲਾ ਕੇ ਹੀ ਮਨਾਉਣਾ ਜ਼ਰੂਰੀ ਨਹੀਂ। ਆਪਣੇ ਆਸ ਪਾਸ ਇਲਾਕੇ ਦੇ ਜ਼ਰੂਰਤਮੰਦ ਲੋਕਾਂ ਦੀ ਕੱਪੜੇ, ਆਰਥਿਕ ਸਹਾਇਤਾ ਅਤੇ ਕਿਸੇ ਵੀ ਤਰ੍ਹਾਂ ਦੀ ਸਹਾਇਤਾ ਕੀਤੀ ਜਾਵੇ। ਨਿਰਮਲੇ ਨੇ ਕਿਹਾ ਕਿ ਪਟਾਕਿਆਂ ਦੀ ਆਵਾਜ਼ਾਂ ਨਾਲ ਹਸਪਤਾਲਾਂ ਵਿਚ ਮਰੀਜ਼ਾਂ, ਬਜ਼ੁਰਗ ਤੇ ਬੱਚਿਆਂ ਨੂੰ ਕਾਫੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ। ਇਸ ਤੋਂ ਬਿਹਤਰ ਹੈ ਕਿ ਮਰੀਜ਼ਾਂ ਨੂੰ ਫਲ ਅਤੇ ਉਨ੍ਹਾਂ ਨਾਲ ਸਮਾਂ ਬਤਾਓ, ਬੱਚਿਆਂ ਨੂੰ ਕਿਤਾਬਾਂ ਕੱਪੜੇ ਆਦਿ ਦਿੰਦੇ ਹੋਏ ਅਸੀ ਮਨੁੱਖਤਾ ਦੇ ਭਲੇ ਲਈ ਵੀ ਖ਼ੁਸ਼ੀ ਦੇ ਕਾਰਜ ਕਰ ਸਕਦੇ ਹਾਂ ਜੋ ਕਿ ਅਗਲੇ ਨੂੰ ਵੀ ਖ਼ੁਸ਼ੀ ਦੇਣ ਤੋਂ ਇਲਾਵਾ ਆਪਣੇ ਮਨ ਨੂੰ ਵੀ ਖ਼ੁਸ਼ੀ ਅਤੇ ਸ਼ਾਂਤੀ ਦੇਵੇਗਾ। ਗਿਆਨੀ ਨਿਰਮਲੇ ਨੇ ਅਪੀਲ ਕੀਤੀ ਕਿ ਘਿਓ ਅਤੇ ਤੇਲ ਦੇ ਦੀਵੇ ਬਾਲ ਕੇ ਵਾਤਾਵਰਨ ਨੂੰ ਸੁਗੰਧਿਤ ਕਰਦੇ ਹੋਏ ਬੂਟੇ ਲਗਾ ਕੇ ਪ੍ਰਦੂਸ਼ਣ ਮੁਕਤ ਵਾਤਾਵਰਣ ਦੀ ਸਿਰਜਣਾ ਕੀਤੀ ਜਾਵੇ।

ਗੰਗਾ ਇੰਟਰਨੈਸ਼ਨਲ ਸਕੂਲ ਵਿਖੇ ਦੀਵਾਲੀ ਦੇ ਤਿਓਹਾਰ ਦੇ ਸੰਬੰਧ ਵਿਚ ਵਾਈਸ ਚੇਅਰਪਰਸਨ ਸ਼੍ਰੀਮਤੀ ਰੀਨਾ ਚੀਮਾ ਦੀ ਅਗਵਾਈ ਹੇਠ ਪੂਜਾ ਕਰਦਾ ਹੋਇਆ ਸਕੂਲ ਸਟਾਫ ਅਤੇ (ਸੱਜੇ) ਇਸ ਮੌਕੇ ਤੇ ਸਕੂਲ ਦੇ ਵਿਦਿਆਰਥੀਆਂ ਵਿਚਕਾਰ ਕਰਵਾਏ ਗਏ ਮੁਕਾਬਲਿਆਂ ਵਿਚ ਹਿੱਸਾ ਲੈਂਦੀਆਂ ਹੋਈਆਂ ਵਿਦਿਆਰਥਣਾਂ। ਤਸਵੀਰਾਂ: ਬਲਵਿੰਦਰ ਸਿੰਘ ਥਿੰਦ

ਦੀਵਾਲੀ ਤੇ ਬੰਦੀ ਛੋੜ ਦਿਵਸ ਮਨਾਇਆ

ਖਨੌਰੀ, 19 ਅਕਤੂਬਰ (ਬਲਵਿੰਦਰ ਸਿੰਘ ਥਿੰਦ) - ਗੰਗਾ ਇੰਟਰਨੈਸ਼ਨਲ ਸਕੂਲ ਵਿਚ ਦਿਵਾਲੀ ਅਤੇ ਬੰਦੀ ਛੋੜ ਦਿਵਸ ਦਾ ਤਿਉਹਾਰ ਉਤਸ਼ਾਹ ਅਤੇ ਸ਼ਰਧਾ ਭਾਵਨਾ ਦੇ ਨਾਲ ਮਨਾਇਆ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਪ੍ਰਾਤਕਾਲੀਨ ਪ੍ਰਾਰਥਨਾ ਸਭਾ ਹੋਈ, ਜਿਸ ਵਿਚ ਬੰਦੀ ਛੋੜ ਦਿਵਸ ਨਾਲ ਸੰਬੰਧਿਤ ਸ਼ਬਦ ਗਾਇਨ ਪੇਸ਼ ਕੀਤਾ ਗਿਆ। ਇਸ ਸੁਰੀਲੇ ਗਾਇਨ ਨੇ ਪੂਰੇ ਮਾਹੌਲ ਨੂੰ ਸਕਾਰਾਤਮਕ ਊਰਜਾ ਨਾਲ ਭਰ ਦਿਤਾ। ਸਮਾਗਮ ਦੌਰਾਨ ਨੰਨੇ ਮੁੰਨੇ ਬੱਚਿਆਂ ਨੇ ਆਪਣੇ ਨਾਚ ਰਾਹੀਂ ਸਭ ਦਾ ਦਿਲ ਜਿੱਤ ਲਿਆ। ਅੰਗ੍ਰੇਜ਼ੀ ਵਿਭਾਗ ਦੇ ਅਧਿਆਪਕਾਂ ਨੇ ਆਪਣੇ ਭਾਸ਼ਣ ਰਾਹੀਂ ਦੀਵਾਲੀ ਦੇ ਸੱਭਿਆਚਾਰਕ ਅਤੇ ਆਧਿਆਤਮਿਕ ਮਹੱਤਵ ਬਾਰੇ ਜਾਣਕਾਰੀ ਦਿੱਤੀ। ਪੰਜਾਬੀ ਵਿਭਾਗ ਦੀ ਹੈੱਡ ਅਮ੍ਰਿਤਪਾਲ ਕੌਰ ਨੇ ਵਿਦਿਆਰਥੀਆਂ ਨੂੰ ਬੰਦੀ ਛੋੜ ਦਿਵਸ ਦੇ ਇਤਿਹਾਸਕ ਅਤੇ ਧਾਰਮਿਕ ਮਹੱਤਵ ਨਾਲ ਜਾਣੂ ਕਰਵਾਇਆ। ਵਾਈਸ ਪ੍ਰਿੰਸੀਪਲ ਸ਼੍ਰੀ ਇਸ਼ਾਂਤ ਪਾਹਵਾ ਨੇ ਆਪਣੇ ਪ੍ਰੇਰਣਾਦਾਇਕ ਸੰਬੋਧਨ ਵਿਚ ਵਿਦਿਆਰਥੀਆਂ ਨੂੰ ਦਿਵਾਲੀ ਨੂੰ ਖ਼ੁਸ਼ੀ, ਭਰਾਤਰੀ ਭਾਵਨਾ ਅਤੇ ਸਕਾਰਾਤਮਕਤਾ ਨਾਲ ਮਨਾਉਣ ਲਈ ਪ੍ਰੇਰਿਤ ਕੀਤਾ। ਸਕੂਲ ਦੇ ਚਾਰਾਂ ਹਾਊਸਾਂ - ਅਲਕਨੰਦਾ, ਭਗੀਰਥੀ, ਗੰਗੋਤਰੀ ਅਤੇ ਮੰਦਾਕਿਨੀ - ਵਿਚਕਾਰ ਇੰਟਰ-ਹਾਊਸ ਬੋਰਡ ਮੁਕਾਬਲਾ ਕਰਵਾਇਆ ਗਿਆ। ਜਿਸ ਵਿਚ ਵਿਦਿਆਰਥੀਆਂ ਨੇ ਆਪਣੀ ਰਚਨਾਤਮਕਤਾ ਅਤੇ ਕਲਾ-ਕੌਸ਼ਲ ਦਾ ਸ਼ਾਨਦਾਰ ਪ੍ਰਦਸ਼ਨ ਕੀਤਾ। ਸਮਾਗਮ ਦੇ ਅੰਤ 'ਚ ਵਾਈਸ ਚੇਅਰਪਰਸਨ ਸ਼੍ਰੀਮਤੀ ਰੀਨਾ ਚੀਮਾ ਨੇ ਸਭ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਦਿਵਾਲੀ ਅਤੇ ਬੰਦੀ ਛੋੜ ਦਿਵਸ ਦੀਆਂ ਦਿਲੋਂ ਮੁਬਾਰਕਾਂ ਦਿੰਦਿਆਂ ਉਨ੍ਹਾਂ ਨੇ ਸਭ ਨੂੰ ਇਹ ਤਿਉਹਾਰ ਸ਼ਰਧਾ, ਪਿਆਰ ਅਤੇ ਪਰਿਆਵਰਣ ਪ੍ਰਤੀ ਜ਼ਿੰਮੇਵਾਰੀ ਨਾਲ ਮਨਾਉਣ ਲਈ ਉਤਸ਼ਾਹਿਤ ਕੀਤਾ।

ਖਨੌਰੀ ਵਿਖੇ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਦਿਹਾੜੇ ਦੇ ਸੰਬੰਧ ਵਿਚ ਕੱਢੀ ਗਈ ਪ੍ਰਭਾਤ ਫੇਰੀ ਮੌਕੇ ਕਥਾ ਕੀਰਤਨ ਕਰਦੇ ਹੋਏ ਭਾਈ ਗੁਰਜੀਤ ਸਿੰਘ ਕਾਂਗਥਲਾ ਵਾਲੇ ਅਤੇ (ਸੱਜੇ) ਇਸ ਮੌਕੇ 'ਤੇ ਮੌਜੂਦ ਸੰਗਤਾਂ ਦਾ ਇਕੱਠ। ਤਸਵੀਰਾਂ : ਬਲਵਿੰਦਰ ਸਿੰਘ ਥਿੰਦ

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਲੈ ਕੇ ਸੰਗਤਾਂ ਵਿਚ ਭਾਰੀ ਉਤਸ਼ਾਹ

ਗੁਰਦੁਆਰਾ ਸਾਹਿਬ ਖਨੌਰੀ ਤੋਂ ਰੋਜ਼ਾਨਾ ਕੱਢੀਆਂ ਜਾ ਰਹੀਆਂ ਹਨ ਪ੍ਰਭਾਤ ਫੇਰੀਆਂ

ਖਨੌਰੀ, 19 ਅਕਤੂਬਰ (ਬਲਵਿੰਦਰ ਸਿੰਘ ਥਿੰਦ) - ਪੰਜ ਨਵੰਬਰ ਨੂੰ ਆ ਰਹੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੇ ਸਬੰਧ ਵਿਚ ਸਥਾਨਕ ਸ਼ਹਿਰ ਦੀਆਂ ਸੰਗਤਾਂ ਵਿਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਇਸ ਸਬੰਧ ਵਿਚ ਸ਼ਹਿਰ ਦੇ ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਸੰਤ ਆਸ਼ਰਮ ਤੋਂ ਰੋਜ਼ਾਨਾ ਹੀ ਸਵੇਰੇ ਕਰੀਬ ਸਾਢੇ ਚਾਰ ਵਜੇ ਪ੍ਰਭਾਤ ਫੇਰੀਆਂ ਕੱਢੀਆਂ ਜਾ ਰਹੀਆਂ ਹਨ। 26 ਸਤੰਬਰ ਤੋਂ ਗੁਰਦੁਆਰਾ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਪਾਤਸ਼ਾਹੀ ਛੇਵੀਂ ਸੰਤ ਆਸ਼ਰਮ ਤੋਂ ਪ੍ਰਭਾਤ ਫੇਰੀਆਂ ਕੱਢਣ ਦਾ ਸਿਲਸਿਲਾ ਸ਼ੁਰੂ ਕੀਤਾ ਗਿਆ ਸੀ ਜੋ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਦਿਹਾੜੇ ਪੰਜ ਨਵੰਬਰ ਤੱਕ ਲਗਾਤਾਰ ਜਾਰੀ ਰਹੇਗਾ। ਅੱਜ ਦੀ ਪ੍ਰਭਾਤ ਫੇਰੀ ਰਜਿੰਦਰ ਕੁਮਾਰ ਕਾਂਸਲ (ਰਾਜੂ) ਪੇਟੀਆਂ ਵਾਲੇ ਦੀ ਦੁਕਾਨ 'ਤੇ ਸੀ। ਸ੍ਰੀ ਗੁਰੂ ਗ੍ਰੰ